**ਗਉੜੀ ਮਹਲਾ ੫ ॥ ਜਾ ਕਾ ਮੀਤੁ ਸਾਜਨੁ ਹੈ ਸਮੀਆ ॥ ਤਿਸੁ ਜਨ ਕਉ ਕਹੁ ਕਾ ਕੀ ਕਮੀਆ ॥੧॥ ਜਾ ਕੀ ਪ੍ਰੀਤਿ ਗੋਬਿੰਦ ਸਿਉ ਲਾਗੀ ॥ ਦੂਖੁ ਦਰਦੁ ਭ੍ਰਮੁ ਤਾ ਕਾ ਭਾਗੀ ॥੧॥ ਰਹਾਉ ॥ ਜਾ ਕਉ ਰਸੁ ਹਰਿ ਰਸੁ ਹੈ ਆਇਓ ॥ ਸੋ ਅਨ ਰਸ ਨਾਹੀ ਲਪਟਾਇਓ ॥੨॥ ਜਾ ਕਾ ਕਹਿਆ ਦਰਗਹ ਚਲੈ ॥ ਸੋ ਕਿਸ ਕਉ ਨਦਰਿ ਲੈ ਆਵੈ ਤਲੈ ॥੩॥ ਜਾ ਕਾ ਸਭੁ ਕਿਛੁ ਤਾ ਕਾ ਹੋਇ ॥ ਨਾਨਕ ਤਾ ਕਉ ਸਦਾ ਸੁਖੁ ਹੋਇ ॥੪॥੩੩॥੧੦੨॥** {ਪੰਨਾ 186}

ਪਦਅਰਥ:- ਸਮੀਆ—ਸਮਾਨ, ਵਿਆਪਕ। ਕਹੁ—ਦੱਸ। ਕਾ ਕੀ—ਕਿਸ ਚੀਜ਼ ਦੀ? ਕਮੀਆ—ਥੁੜ।1।

ਸਿਉ—ਨਾਲ।1। ਰਹਾਉ।

ਕਉ—ਨੂੰ। ਅਨ—ਹੋਰ ਹੋਰ {ANX}। ਲਪਟਾਇਓ—ਚੰਬੜਦਾ।2।

ਕਿਸ ਕਉ—{ਲਫ਼ਜ਼ 'ਕਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ} ਕਿਸ ਨੂੰ? ਤਲੈ—ਹੇਠ।3।

ਜਾ ਕਾ—ਜਿਸ (ਪਰਮਾਤਮਾ) ਦਾ। ਤਾ ਕਾ—ਉਸ (ਪਰਮਾਤਮਾ) ਦਾ।4।

ਅਰਥ:- (ਹੇ ਭਾਈ!) ਜਿਸ ਮਨੁੱਖ ਦਾ ਪਿਆਰ ਪਰਮਾਤਮਾ ਨਾਲ ਬਣ ਜਾਂਦਾ ਹੈ ਉਸ ਦਾ ਹਰੇਕ ਦੁੱਖ ਹਰੇਕ ਦਰਦ ਹਰੇਕ ਭਰਮ-ਵਹਿਮ ਦੂਰ ਹੋ ਜਾਂਦਾ ਹੈ।1। ਰਹਾਉ।

ਜਿਸ ਮਨੁੱਖ ਦਾ (ਇਹ ਯਕੀਨ ਬਣ ਜਾਏ ਕਿ ਉਸ ਦਾ) ਸੱਜਣ-ਪ੍ਰਭੂ ਮਿੱਤਰ-ਪ੍ਰਭੂ ਹਰ ਥਾਂ ਵਿਆਪਕ ਹੈ, (ਹੇ ਭਾਈ!) ਦੱਸ, ਉਸ ਮਨੁੱਖ ਨੂੰ ਕਿਸ ਸ਼ੈ ਦੀ ਥੁੜ ਰਹਿ ਜਾਂਦੀ ਹੈ?।1।

(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਆ ਜਾਂਦਾ ਹੈ, ਉਹ (ਦੁਨੀਆ ਦੇ) ਹੋਰ ਹੋਰ (ਪਦਾਰਥਾਂ ਦੇ) ਸੁਆਦਾਂ ਨਾਲ ਨਹੀਂ ਚੰਬੜਦਾ।2।

ਜਿਸ ਮਨੁੱਖ ਦਾ ਬੋਲਿਆ ਹੋਇਆ ਬੋਲ ਪਰਮਾਤਮਾ ਦੀ ਹਜ਼ੂਰੀ ਵਿਚ ਮੰਨਿਆ ਜਾਂਦਾ ਹੈ, ਉਸ ਨੂੰ ਕਿਸੇ ਹੋਰ ਦੀ ਮੁਥਾਜੀ ਨਹੀਂ ਰਹਿ ਜਾਂਦੀ।3।

ਹੇ ਨਾਨਕ! ਜਿਸ ਪਰਮਾਤਮਾ ਦਾ ਰਚਿਆ ਹੋਇਆ ਇਹ ਸਾਰਾ ਸੰਸਾਰ ਹੈ, ਉਸ ਪਰਮਾਤਮਾ ਦਾ ਸੇਵਕ ਜੇਹੜਾ ਮਨੁੱਖ ਬਣ ਜਾਂਦਾ ਹੈ ਉਸ ਨੂੰ ਸਦਾ ਆਨੰਦ ਪ੍ਰਾਪਤ ਰਹਿੰਦਾ ਹੈ।4। 33।102।